Join WhatsApp Channel : SarkariNetwork.Com

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਭਵਨ, ਸੈਕਟਰ-68, ਐੱਸ.ਏ.ਐੱਸ. ਨਗਰ।**

https://sssb.punjab.gov.in

(0172-2298000(EX. 5106 and 5107),) 0172-2298083

**ਇਸ਼ਤਿਹਾਰ ਨੰਬਰ**

07/2025


| ਲੜੀ ਨੰ. | ਵੇਰਵਾ | ਪੰਨਾ ਨੰਬਰ |
|---|---|---|
| 1. | ਮਹੱਤਵਪੂਰਨ ਮਿਤੀਆਂ | 2 |
| 2. | ਜਾਣ-ਪਹਿਚਾਣ / ਵਿਸਥਾਰਪੂਰਵਕ ਸੂਚਨਾ | 2 |
| 3. | ਅਸਾਮੀਆਂ ਦਾ ਕੈਟਾਗਰੀ-ਵਾਈਜ਼ ਵਰਗੀਕਰਨ | 3-4 |
| 4. | ਰਾਖਵਾਂਕਰਨ ਸੰਬੰਧੀ ਮਹੱਤਵਪੂਰਨ ਹਦਾਇਤਾਂ | 6-7 |
| 5. | ਵਿੱਦਿਅਕ ਯੋਗਤਾ/ਤਕਨੀਕੀ ਯੋਗਤਾ | 7-9 |
| 6. | ਉਮਰ ਸੀਮਾ | 10-11 |
| 7. | ਤਨਖਾਹ ਸਕੇਲ ਅਤੇ ਭੱਤੇ | 11 |
| 8. | ਫੀਸ<br><br>ਸੰਬੰਧੀ ਵੇਰਵਾ | 11 |
| 9 | **Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ**:- | 11-13 |
| 10. | ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ | 13-14 |
| 11. | ਅਪਲਾਈ ਕਰਨ ਦੀ ਵਿਧੀ | 15-17 |
| 12. | ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ | 17 |
| 13. | ਬਿਨੈਕਾਰ ਦੇ ਧਿਆਨ ਹਿੱਤ ਜ਼ਰੂਰੀ ਹਦਾਇਤਾਂ | 17-20 |

Join WhatsApp Channel : SarkariNetwork.Com

**ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ**

**ਵਣ ਕੰਪਲੈਕਸ, ਸੈਕਟਰ-68, ਐਸ.ਏ.ਐਸ. ਨਗਰ।**

https://sssb.punjab.gov.in

**ਜਨਤਕ ਨਿਯੁਕਤੀਆਂ**

**ਮਹੱਤਵਪੂਰਨ ਮਿਤੀਆਂ:**

| | | |
|---|---|---|
| **ਇਸ਼ਤਿਹਾਰ ਪ੍ਰਕਾਸ਼ਿਤ ਹੋਣ ਦੀ ਮਿਤੀ:** | - | **28-07-2025** |
| **ਆਨਲਾਈਨ ਅਪਲਾਈ ਕਰਨ ਦੀ ਸ਼ੁਰੂਆਤੀ ਮਿਤੀ:** | - | **30-07-2025** |
| **ਆਨਲਾਈਨ ਅਪਲਾਈ/ਸਬਮਿਟ ਕਰਨ ਦੀ ਆਖਰੀ ਮਿਤੀ** | - | **24-08-2025 ਸ਼ਾਮ 05.00 ਵਜੇ ਤੱਕ** |
| **ਫੀਸ ਭਰਨ ਦੀ ਆਖਰੀ ਮਿਤੀ:** | - | **26-08-2025** |

**1. ਜਾਣ-ਪਹਿਚਾਣ**

ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ ਦੀ ਸਥਾਪਨਾ ਭਾਰਤੀ ਸੰਵਿਧਾਨ ਦੀ ਧਾਰਾ 309 ਤਹਿਤ ਕੀਤੀ ਗਈ ਹੈ, ਜਿਸਦਾ ਮੁੱਖ ਮੰਤਵ ਪੰਜਾਬ ਸਰਕਾਰ ਦੇ ਅਦਾਰਿਆਂ ਵੱਲੋਂ ਪ੍ਰਾਪਤ ਹੋਏ ਮੰਗ ਪੱਤਰਾਂ ਅਨੁਸਾਰ ਪੰਜਾਬ ਸਰਕਾਰ ਦੇ ਅਦਾਰਿਆਂ ਵਿੱਚ ਗਰੁੱਪ-ਬੀ, ਗਰੁੱਪ-ਸੀ ਅਤੇ ਗਰੁੱਪ-ਡੀ ਸੇਵਾਵਾਂ ਦੇ ਅਮਲੇ ਦੀ ਭਰਤੀ ਕਰਨਾ ਹੈ।

**2. ਵਿਸਥਾਰਪੂਰਵਕ ਸੂਚਨਾ**

ਪੰਜਾਬ ਸਰਕਾਰ, ਦਫਤਰ ਪ੍ਰਮੁੱਖ ਸਥਾਨਕ ਕਮਿਸ਼ਨਰ, ਪੰਜਾਬ ਭਵਨ, ਕਾਪਰਨਿਕਸ ਮਾਰਗ, ਨਵੀਂ ਦਿੱਲੀ ਅਤੇ **ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ** ਤੋਂ ਪ੍ਰਾਪਤ ਮੰਗ ਪੱਤਰਾਂ, ਅਸਾਮੀਆਂ ਦਾ ਵਰਗੀਕਰਨ ਅਤੇ ਪ੍ਰਾਪਤ ਨਿਯਮਾਂ ਅਨੁਸਾਰ **ਗਰੁੱਪ-ਸੀ** ਦੀਆਂ ਅਸਾਮੀਆਂ ਨੂੰ ਭਰਨ ਲਈ ਬੋਰਡ ਦੀ ਵੈਬਸਾਈਟ **https://sssb.punjab.gov.in** ਤੇ ਯੋਗ ਉਮੀਦਵਾਰਾਂ ਤੋਂ ਮਿਤੀ **30-07-2025 ਤੋਂ 24-08-2025 ਸ਼ਾਮ 05.00 ਵਜੇ ਤੱਕ** ਕੇਵਲ ਆਨਲਾਈਨ ਮੋਡ ਰਾਹੀਂ ਅਰਜੀਆਂ/ਬਿਨੈ-ਪੱਤਰਾਂ ਦੀ ਮੰਗ ਕੀਤੀ ਜਾਂਦੀ ਹੈ।

ਵਿਭਾਗ ਦਾ ਨਾਮ – ਦਫਤਰ ਵਧੀਕ **ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ , ਚੰਡੀਗੜ੍ਹ।**

| **ਲੜੀ ਨੰ.** | **ਅਸਾਮੀ ਦਾ ਨਾਮ** | **ਅਸਾਮੀਆਂ ਦੀ ਗਿਣਤੀ** |
|---|---|---|
| 1. | **ਸਹਾਇਕ ਸੁਪਰਡੰਟ** | 29 |
| 2. | **ਵਾਰਡਰ** | 451 |
| 3. | **ਮੈਟਰਨ** | 20 |
| | **ਕੁੱਲ** | 500 |

**3. ਅਸਾਮੀਆਂ ਦਾ ਕੈਟਾਗਿਰੀ-ਵਾਈਜ਼ ਵਰਗੀਕਰਨ ਹੇਠ ਅਨੁਸਾਰ ਹੈ:-**

**ਵਿਭਾਗ ਦਾ ਨਾਮ:-** ਦਫਤਰ ਵਧੀਕ **ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ , ਚੰਡੀਗੜ੍ਹ।**

**(i). ਸਹਾਇਕ ਸੁਪਰਡੰਟ**

| Sr. No. | Category | Total No. of Posts | Post reserved for women (out of (A) |
|---|---|---|---|
| | | (A) | (B) |
| 01 | General | 13 | 03 |
| 02 | EWS | 03 | 01 |

| | | | |
|---|---|---|---|
| 03 | SC (M&B) | 03 | 01 |
| 04 | SC(R&O) | 02 | 01 |
| 05 | BC | 03 | 01 |
| 06 | FF | 01 | 01 |
| 07 | ESM (SC M&B) | 01 | 00 |
| 08 | ESM SC(R&O) | 01 | 00 |
| 09 | BC ESM | 01 | 00 |
| 10 | General ESM | 01 | 00 |
| | Total | 29 | 08 |

**(ii) ਵਾਰਡਰ ਅਤੇ ਮੈਟਰਨ**

| Sr. No. | Category | Warder | Matron |
|---|---|---|---|
| | | (A) | (B) |
| 01 | General | 57 | 00 |
| 02 | EWS | 46 | 02 |
| 03 | SC(M&B) | 45 | 02 |
| 04 | SC(R&O) | 45 | 02 |
| 05 | BC | 49 | 01 |
| 06 | FF | 20 | 00 |
| 07 | ESM (SC M&B) | 32 | 03 |
| 08 | ESM SC(R&O) | 32 | 03 |
| 09 | BC ESM | 32 | 03 |
| 10 | General ESM | 54 | 04 |
| 11 | Sports Gen. | 17 | 00 |
| 12 | Sports SC(M&B) | 11 | 00 |
| 13 | Sports SC(R&O) | 11 | 00 |
| | Total | 451 | 20 |

੪. ਕੈਟਾਗਰੀ ਕੋਡ (Category Codes)

| Sr. No. | Category | Code |
|---|---|---|
| 1. | General | 101 |
| 2. | EWS (Gen.) | 102 |
| 3. | S.C. (M & B) | 103 |
| 4. | S.C. (Ramdasia & others) | 104 |
| 5. | B.C. | 105 |
| 6. | ESM Gen. (Self) | 106 |
| 7. | ESM S.C (M & B) (Self) | 108 |
| 8. | ESM S.C (M & B) (Dependent) | 109 |
| 9. | ESM S.C (R & O) (Self) | 110 |
| 10. | ESM S.C (R & O) (Dependent) | 111 |
| 11. | ESM B.C (Self) | 112 |
| 12. | ESM B.C (Dependent) | 113 |
| 13. | Sports General | 114 |
| 14. | Sports {SC (M&B)} | 115 |
| 15. | Sports {SC (R&O)} | 116 |
| 16. | Freedom Fighter | 121 |

| | |
|---|---|
| **General** | **ਆਮ ਵਰਗ,** |
| **EWS(Gen)** | **ਆਰਥਿਕ ਤੌਰ ਤੇ ਕਮਜ਼ੋਰ ਵਰਗ (ਆਮ),** |
| **S.C(M&B)** | **ਅਨੁਸੂਚਿਤ ਜਾਤੀ (ਮਜ਼ਬੀ ਅਤੇ ਬਾਲਮੀਕੀ),** |
| **S.C (R&O)** | **ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ),** |
| **B.C** | **ਪੱਛੜੀ ਸ਼੍ਰੇਣੀ,** |
| **ESM Gen. (Self)** | **ਸਾਬਕਾ ਫੌਜੀ- ਆਮ ਵਰਗ (ਖੁਦ)** |
| **ESM Gen. (Dependent)** | **ਸਾਬਕਾ ਫੌਜੀ- ਆਮ ਵਰਗ (ਆਸ਼ਰਿਤ)** |
| **ESM (S.C M&B) (Self)** | **ਸਾਬਕਾ ਫੌਜੀ(ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ) (ਖੁਦ)** |
| **ESM (S.C M&B) (Dependent)** | **ਸਾਬਕਾ ਫੌਜੀ(ਅਨੁਸੂਚਿਤ ਜਾਤੀ (ਮਜ਼ਬੀ ਤੇ ਬਾਲਮਿਕੀ) (ਆਸ਼ਰਿਤ)** |
| **ESM (S.C R&O) (Self)** | **ਸਾਬਕਾ ਫੌਜੀ(ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ)( ਖੁਦ)** |
| **ESM (S.C R&O) (Dependent)** | **ਸਾਬਕਾ ਫੌਜੀ(ਅਨੁਸੂਚਿਤ ਜਾਤੀ (ਰਾਮਦਾਸੀਆ ਅਤੇ ਹੋਰ)(ਆਸ਼ਰਿਤ)** |
| **ESM B.S (Self)** | **ਸਾਬਕਾ ਫੌਜੀ( ਪੱਛੜੀ ਸ਼੍ਰੇਣੀ) ( ਖੁਦ)** |
| **ESM B.C( Dependent)** | **ਸਾਬਕਾ ਫੌਜੀ( ਪੱਛੜੀ ਸ਼੍ਰੇਣੀ) (ਆਸ਼ਰਿਤ)** |
| **Sports General** | **ਖਿਡਾਰੀ ਆਮ ਵਰਗ** |
| **Sports (SC(M&B)** | **ਖਿਡਾਰੀ (ਅਨੁਸੂਚਿਤ ਜਾਤੀ( ਮਜ਼ਬੀ ਅਤੇ ਬਲਾਮਿਕੀ)** |
| **Sports (SC (R&O)** | **ਖਿਡਾਰੀ (ਅਨੁਸੂਚਿਤ ਜਾਤੀ( ਰਾਮਦਾਸੀਆ ਅਤੇ ਹੋਰ),** |
| **Freedom Fighter** | **ਸੁਤੰਤਰਤਾ ਸੰਗਰਾਮੀ।** |

**ਰਾਖਵਾਂਕਰਨ/ Reservation ਸਬੰਧੀ ਮਹੱਤਵਪੂਰਨ ਹਦਾਇਤਾਂ:**

(i) ਉਮੀਦਵਾਰ ਸ਼੍ਰੇਣੀ ਅਤੇ ਸਬੰਧਤ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਸੁਚੇਤ ਹੋ ਕੇ ਭਰਨ ਕਿਉਂਕਿ ਕਿਸੇ ਵੀ ਸਟੇਜ ਤੇ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਤਬਦੀਲ ਨਹੀਂ ਕੀਤਾ ਜਾਵੇਗਾ।

(ii) ਉਮੀਦਵਾਰ ਕਿਸੇ ਵੀ ਅਜਿਹੀ ਸ਼੍ਰੇਣੀ ਵਿਰੁੱਧ ਅਪਲਾਈ ਨਾ ਕਰਨ ਜਿਸ ਦੀ ਅਸਾਮੀ ਉਪਰ ਦਰਸਾਈ ਸਾਰਣੀ ਵਿੱਚ ਦਰਜ ਨਹੀਂ ਕੀਤੀ ਗਈ । ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਸ਼੍ਰੇਣੀ ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ, ਉਸ ਸਥਿਤੀ ਵਿੱਚ ਅਜਿਹੇ ਪ੍ਰਾਰਥੀ ਦੀ ਪਾਤਰਤਾ ਮੁੱਢ ਤੋਂ ਹੀ ਰੱਦ ਮੰਨੀ ਜਾਵੇਗੀ।

(iii) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ, ਇਸ ਲਈ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਭਰਨ ਸਮੇਂ ਉਮੀਦਵਾਰ ਇਸ ਗੱਲ ਦਾ ਧਿਆਨ ਰੱਖਣ। ਉਮੀਦਵਾਰ ਵੱਲੋਂ ਆਨਲਾਈਨ ਭਰੇ ਗਏ ਫਾਰਮ ਵਿੱਚ ਦਰਜ ਸ਼੍ਰੇਣੀ ਅਤੇ ਸ਼੍ਰੇਣੀ-ਕੋਡ ਦੇ ਆਧਾਰ ਤੇ ਹੀ ਉਸਦੀ ਪਾਤਰਤਾ ਨੂੰ ਵਿਚਾਰਿਆ ਜਾਵੇਗਾ।

(iv) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਦਾ ਤਾਜ਼ਾ ਜਾਰੀ ਹੋਇਆ ਸਰਟੀਫਿਕੇਟ (Domicile/Residence Certificate) ਪੇਸ਼ ਕਰੇਗਾ। ਇਹ ਸਰਟੀਫਿਕੇਟ ਹਰ ਸ਼੍ਰੇਣੀ ਦੇ ਉਮੀਦਵਾਰ (ਪੁਰਸ਼/ਇਸਤਰੀ) ਵੱਲੋਂ ਪੇਸ਼ ਕਰਨਾ ਲਾਜ਼ਮੀ ਹੈ। ਇਹ ਸਰਟੀਫਿਕੇਟ ਕੌਂਸਲਿੰਗ ਦੌਰਾਨ ਪੇਸ਼ ਕਰਨ ਸਮੇਂ ਕਿਸੇ ਵੀ ਸਥਿਤੀ ਵਿੱਚ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ।

(v) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀ/ਅੰਗਹੀਣ/ਖਿਡਾਰੀ/ਆਰਥਿਕ ਤੌਰ ਤੇ ਕਮਜ਼ੋਰ ਵਰਗ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਿਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(vi) ਉਮੀਦਵਾਰ ਕਾਉਂਸਲਿੰਗ ਸਮੇਂ ਅਤੇ ਹੋਰ ਕਿਸੇ ਵੀ ਸਟੇਜ ਤੇ ਬੋਰਡ ਦੀ ਮੰਗ ਅਨੁਸਾਰ ਆਪਣੀ ਸ਼੍ਰੇਣੀ ਨਾਲ ਸਬੰਧਤ ਹਰ ਤਰ੍ਹਾਂ ਦਾ ਪੁਖਤਾ (Valid) ਸਰਟੀਫਿਕੇਟ ਸਬੂਤ ਵੱਜੋਂ ਪੇਸ਼ ਕਰੇਗਾ। ਕਾਉਂਸਲਿੰਗ ਸਮੇਂ ਕਿਸੇ ਵੀ ਲੋੜੀਂਦੇ ਦਸਤਾਵੇਜ ਦੀ ਅਣਹੋਂਦ ਵਿੱਚ ਉਮੀਦਵਾਰ ਨੂੰ ਉਪਰੋਕਤ ਅਸਾਮੀਆਂ ਲਈ ਨਹੀਂ ਵਿਚਾਰਿਆ ਜਾਵੇਗਾ ਅਤੇ ਮੈਰਿਟ ਲਿਸਟ ਵਿੱਚ ਮੌਜੂਦ ਅਗਲੇ ਯੋਗ ਉਮੀਦਵਾਰ ਨੂੰ ਵਿਚਾਰਦੇ ਹੋਏ ਉਸਦਾ ਨਾਮ ਸਬੰਧਤ ਵਿਭਾਗ ਨੂੰ ਸਿਫਾਰਸ਼ ਕਰ ਦਿੱਤਾ ਜਾਵੇਗਾ।

**ਨੋਟ:-** (i) ESM ਦੀ ਅਸਾਮੀ ESM(Self) ਉਮੀਦਵਾਰਾਂ ਵਿੱਚੋਂ ਹੀ ਭਰੀ ਜਾਏਗੀ। ESM(Self) ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀ ESM(Dependent) ਉਮੀਦਵਾਰਾਂ ਵਿੱਚੋਂ ਭਰੀ ਜਾਏਗੀ।

(ii) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08.05.2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜੀ ਖੁਦ ਜਾਂ ਸਾਬਕਾ ਫੌਜੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਣੀ ਹੈ:-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

*"Provided further that when an ex-serviceman is not available for the recruitment against a reserved vacancy and further no wife or dependent child of an Ex-serviceman is available for recruitment against a reserved vacancy, such a vacancy shall be reserved to be filled in by recruitment of the grand child of a Gallantry Award Winner, in case the benefit of reservation has not been availed for by any of the children or dependents of such winner or by the winner himself subject to the conditions specified in the second proviso."*

(iii) ਉਪਰੋਕਤ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਸਬੰਧਤ ਵਿਭਾਗਾਂ ਵੱਲੋਂ ਪ੍ਰਾਪਤ ਹੋਏ ਮੰਗ-ਪੱਤਰਾਂ ਵਿੱਚ ਦਰਸਾਏ ਵਰਗੀਕਰਨ ਅਨੁਸਾਰ ਹੀ ਹੈ। ਜੇਕਰ ਸਬੰਧਤ ਵਿਭਾਗ ਵੱਲੋਂ ਭਵਿੱਖ ਵਿੱਚ ਭਰਤੀ ਪ੍ਰਕਿਰਿਆ ਦੀ ਕਿਸੇ ਵੀ ਸਟੇਜ ਤੇ ਕਿਸੇ ਵੀ ਕਾਰਨ ਉਪਰੋਕਤ ਦਰਸਾਈਆਂ ਅਸਾਮੀਆਂ ਦੀ ਗਿਣਤੀ ਘਟਾਉਣ ਜਾਂ ਵਧਾਉਣ ਦਾ ਫੈਸਲਾ

ਲਿਆ ਜਾਂਦਾ ਹੈ ਜਾਂ ਉਪਰੋਕਤ ਦਰਸਾਏ ਸ਼੍ਰੇਣੀਆਂ ਦੇ ਵਰਗੀਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਬਦੀਲੀ/ਸੋਧ ਕਰਨ ਦਾ ਫੈਸਲਾ ਲਿਆ ਜਾਂਦਾ ਹੈ ਤਾਂ ਬੋਰਡ ਦੁਆਰਾ ਇਸ ਸਬੰਧੀ Corrigendum/notice ਜਾਰੀ ਕਰਦੇ ਹੋਏ ਰਾਖਵਾਂਕਰਨ ਅਤੇ ਸ਼੍ਰੇਣੀ-ਵਾਈਜ਼ ਵਰਗੀਕਰਨ ਵਿੱਚ ਸੋਧ ਕੀਤੀ ਜਾ ਸਕਦੀ ਹੈ। ਅਜਿਹੀ ਹਰ ਤਰ੍ਹਾਂ ਦੀ ਸੋਧ ਸਮੂਹ ਉਮੀਦਵਾਰਾਂ ਤੇ ਲਾਗੂ ਹੋਵੇਗੀ ਅਤੇ ਹਰ ਉਮੀਦਵਾਰ ਇਸਦੀ ਪਾਲਣਾ ਕਰਨਾ ਯਕੀਨੀ ਬਣਾਏਗਾ।

**5. ਵਿੱਦਿਅਕ ਯੋਗਤਾ ਅਤੇ ਸਰੀਰਕ ਕੁਸ਼ਲਤਾ (Educational Qualification and Physical Efficiency)**

| ਲੜੀ ਨੰ. | ਅਸਾਮੀ ਦਾ ਨਾਮ | Qualification and Physical Efficiency |
|---|---|---|
| 1. | ਸਹਾਇਕ ਸੁਪਰਡੰਟ | **1. Qualification/Experience is prescribed in the Department Service Rules:-**<br>(i) A Degree from a recognized University |
| 2. | ਵਾਰਡਰ (ਇਸ ਅਸਾਮੀ ਵਿਰੁੱਧ ਕੇਵਲ ਪੁਰਸ਼ ਉਮੀਦਵਾਰ ਹੀ ਅਪਲਾਈ ਕਰ ਸਕਦੇ ਹਨ। | **1. Educational Qualification:-**<br>who have passed 10+2 or equivalent examination from a recognized Education Board/University along with Punjabi as a compulsory or elective subject at Matriculation level, or any other equivalent examination with Punjabi language, which may be specified by the Government from time to time.<br>**2. Physical Measurement Test (PMT):-**<br>**Minimum Height**: 5 feet 7 inches<br>5 feet 4-1/2 inches in case of Dogras and Gurkhas<br>**Chest**:33' unexpanded and 34-1/2’ expanded<br>**Vision**: Normal in both eyes (with or without spectacles)<br>(must not be colour blind) |
| 3. | ਮੈਟਰਨ(ਇਸ ਅਸਾਮੀ ਲਈ ਕੇਵਲ ਇਸਤਰੀ ਉਮੀਦਵਾਰ ਹੀ ਅਪਲਾਈ ਕਰ ਸਕਦੇ ਹਨ। | **1. Educational Qualification:-**<br>who have passed 10+2 or equivalent examination from a recognized Education Board/University along with Punjabi as a compulsory or elective subject at Matriculation level, or any other equivalent examination with Punjabi language, which may be specified by the Government from time to time.<br>**2. Physical Measurement Test (PMT):-**<br>**Minimum Height**: 5 feet 3 inches<br>**Weight**:50 Kg and above<br>**Vision**: Normal in both eyes (with or without spectacles)<br>(must not be colour blind) |

**6. ਉਮਰ ਸੀਮਾ:- ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਵਧੀਕ ਡਾਇਰੈਕਟਰ ਜਨਰਲ ਪੁਲਿਸ (ਜੇਲ੍ਹਾਂ) ਪੰਜਾਬ, ਚੰਡੀਗੜ੍ਹ ਦੇ ਪੱਤਰ ਮਿਤੀ 07.07.2025 ਅਤੇ ਪੰਜਾਬ ਸਰਕਾਰ ਦੇ ਸੇਵਾ ਰੂਲਾਂ ਅਨੁਸਾਰ ਉਮੀਦਵਾਰਾਂ ਦੀ ਉਮਰ ਸੀਮਾਂ ਮਿਤੀ 01.01.2025 ਨੂੰ ਹੇਠ ਲਿਖੇ ਅਨੁਸਾਰ ਹੋਣੀ ਚਾਹੀਦੀ ਹੈ :-**

| Sr. No | ਸਹਾਇਕ ਸੁਪਰਡੰਟ | |
|---|---|---|
| 1. | General | From 21 years to 27 years |
| 2. | Government of Punjab and Central Government | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 45 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |
| 3. | Scheduled Caste and Backward Classes of Punjab State | ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪਿਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਪਰਲੀ |

| | | |
|---|---|---|
| | | ਸੀਮਾ 32 ਸਾਲ ਹੋਵੇਗੀ। |
| 4. | in case of Government Servants who have not less than 5 years service under government upper age limit shall be | 35 years. |
| 5. | Ex-Servicemen | In case of Ex-Servicemen according to the Punjab Recruitment of Ex-Servicemen Rules, 1982, as amended from time to time. |

| Sr. No | ਅਸਾਮੀ ਵਾਰਡਰ | |
|---|---|---|
| 1. | General | From 18 years to 27 years |
| 2. | Government of Punjab and Central Government | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 45 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |
| 3. | Scheduled Caste and Backward Classes of Punjab State | ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪਿਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਪਰਲੀ ਸੀਮਾ 32 ਸਾਲ ਹੋਵੇਗੀ। |
| 4. | Pensioned soldiers of armed forces 40 years | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 40 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |
| 5. | Men who have resigned from the armed forces after at least 03 years of service | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 30 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |
| 6. | Men who have spent five years or more in the police force | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 30 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |
| 7. | Army reserve man | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 35 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |

| Sr. No | ਅਸਾਮੀ ਮੈਟਰਨ | |
|---|---|---|
| 1. | General | From 18 years to 27 years |
| 2. | Government of Punjab and Central Government | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 45 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਦੀ। |

| | | |
|---|---|---|
| 3. | Scheduled Caste and Backward Classes of Punjab State | ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪਿਛੜੀ ਸ਼੍ਰੇਣੀ ਦੇ ਵਸਨੀਕ ਉਮੀਦਵਾਰਾਂ ਦੀ ਵੱਧ ਤੋਂ ਵੱਧ ਉਪਰਲੀ ਸੀਮਾ 32 ਸਾਲ ਹੋਵੇਗੀ। |
| 4. | Ex-Servicemen | In case of Ex-Servicemen according to the Punjab Recruitment of Ex-Servicemen Rules, 1982, as amended from time to time. |
| 5. | (I) Widows<br>(II). Women who have legally separated from their husbands or have been divorced;<br>(III). Women whose husbands have been ordered by Civil or Criminal Courts to Pay maintenance to them;<br>(IV). Women who have because of their desertion been living separately from their husbands for more than two years; | ਉਮੀਦਵਾਰ ਦੀ ਉਮਰ ਦੀ ਉਪਰਲੀ ਸੀਮਾ 35 ਸਾਲ ਤੋਂ ਵੱਧ ਨਹੀਂ ਹੋਣੀ ਚਾਂਹੀਂਦੀ। |

**ਨੋਟ:- ਰਾਜ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਨੂੰ ਉਮਰ ਦੀ ਉਪਰਲੀ ਸੀਮਾ ਵਿੱਚ ਛੋਟ ਲੈਣ ਲਈ ਆਪਣੇ ਵਿਭਾਗ ਤੋਂ NOC ਲੈ ਕੇ ਕੌਂਸਲਿੰਗ ਸਮੇਂ ਪੇਸ਼ ਕਰਨਾ ਪਵੇਗਾ।**

**7. ਆਸਾਮੀਆਂ ਦਾ ਤਨਖਾਹ ਸਕੇਲ ਹੇਠ ਦਰਸਾਏ ਅਨੁਸਾਰ ਹੈ:-**

| ਲੜੀ ਨੰ: | ਅਸਾਮੀ ਦਾ ਨਾਮ | ਤਨਖਾਹ ਸਕੇਲ |
|---|---|---|
| 1. | ਸਹਾਇਕ ਸੁਪਰਡੰਟ | L-6 (35400-112400) |
| 2. | ਵਾਰਡਰ/ਮੈਟਰਨ | Scale of Pay<br>19900-63200 (L-2) (as per 7th CPC/Pay Matrix and recommendation of in -house Committee (Minimum Pay Admissible)<br>Allowances As admissible by the State Government from time to time |

**8. ਫੀਸ ਦਾ ਵੇਰਵਾ:**

ਆਮ ਵਰਗ (General Category)/ਸੁਤੰਤਰਤਾ ਸੰਗਰਾਮੀ/ਖਿਡਾਰੀ - 1000/- ਰੁਪਏ
ਐਸ.ਸੀ.(S.C)/ਬੀ.ਸੀ.(BC)/ਆਰਥਿਕ ਤੌਰ ਤੇ ਕਮਜ਼ੋਰ ਵਰਗ (EWS) - 250/- ਰੁਪਏ
ਸਾਬਕਾ ਫੌਜੀ ਅਤੇ ਆਸ਼ਰਿਤ (Ex-Servicemen & Dependent) - 200/- ਰੁਪਏ

**ਨੋਟ:- ਉਮੀਦਵਾਰਾਂ ਦੁਆਰਾ ਇੱਕ ਵਾਰ ਅਦਾ ਕੀਤੀ ਫੀਸ ਕਿਸੇ ਵੀ ਸਥਿਤੀ ਵਿੱਚ ਵਾਪਸ ਨਹੀਂ ਕੀਤੀ ਜਾਏਗੀ।**

**9. Reservation/ਰਾਖਵਾਂਕਰਨ ਸਬੰਧੀ ਮਹੱਤਵਪੂਰਨ ਹਦਾਇਤਾਂ:-**

(I) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਰਾਜ ਦੇ ਵਸਨੀਕਾਂ ਨੂੰ ਹੀ ਮਿਲਣਯੋਗ ਹੋਵੇਗਾ।

(II) ਰਾਖਵਾਂਕਰਨ ਦਾ ਲਾਭ ਲੈਣ ਲਈ ਉਮੀਦਵਾਰ ਪੰਜਾਬ ਦਾ ਵਸਨੀਕ ਹੋਣ ਸੰਬੰਧੀ ਸਰਟੀਫਿਕੇਟ (Domicile Certificate/Residence ਅਪਲੋਡ/ਪੇਸ਼ ਕਰੇਗਾ।) (ਇਹ ਸਰਟੀਫਿਕੇਟ ਹਰ ਉਮੀਦਵਾਰ

(ਇਸਤਰੀ ਜਾਂ ਪੁਰਸ਼) ਵੱਲੋਂ ਚਾਹੇ ਉਹ ਕਿਸੇ ਵੀ ਕੈਟਾਗਰੀ ਨਾਲ ਸੰਬੰਧ ਰੱਖਦਾ ਹੋਵੇ, ਪੇਸ਼ ਕਰਨਾ ਲਾਜ਼ਮੀ ਹੈ।) ਇਹ ਸਰਟੀਫਿਕੇਟ ਅਪਲੋਡ/ਪੇਸ਼ ਕਰਨ ਸਮੇਂ 5 ਸਾਲ ਤੋਂ ਪੁਰਾਣਾ ਨਹੀਂ ਹੋਣਾ ਚਾਹੀਦਾ ਹੈ।

(III) ਅਨੁਸੂਚਿਤ ਜਾਤੀ/ਪੱਛੜੀ ਸ਼੍ਰੇਣੀ/ਸਾਬਕਾ ਫੌਜੀਆਂ ਦਾ ਸਰਟੀਫਿਕੇਟ ਪੰਜਾਬ ਸਰਕਾਰ ਦੀਆਂ ਪ੍ਰਚੱਲਤ ਹਦਾਇਤਾਂ ਅਨੁਸਾਰ ਹੋਣਾ ਲਾਜ਼ਮੀ ਹੈ।

(IV) ਵਿਮੁਕਤ ਜਾਤੀ ਨਾਲ ਸਬੰਧਤ ਉਮੀਦਵਾਰਾਂ ਤੇ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਤੇ ਜਾਰੀ ਹਦਾਇਤਾਂ ਲਾਗੂ ਹੋਣਗੀਆਂ।

(V) ਸਾਬਕਾ ਫੌਜ਼ੀ ਕੈਟਾਗਰੀ ਦੀਆਂ ਅਸਾਮੀਆਂ ਸਾਬਕਾ ਫੌਜ਼ੀ ਸੈਲਫ ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ। ਸਾਬਕਾ ਫੌਜੀ ਸੈਲਫ ਉਮੀਦਵਾਰ ਉਪਲਬਧ ਨਾ ਹੋਣ ਦੀ ਸਥਿਤੀ ਵਿੱਚ ਹੀ ਇਹ ਅਸਾਮੀਆਂ ਸਾਬਕਾ ਫੌਜੀ (ਆਸ਼ਰਿਤ) ਉਮੀਦਵਾਰਾਂ ਵਿੱਚੋਂ ਭਰੀਆਂ ਜਾਣਗੀਆਂ।

(VI) ਪੰਜਾਬ ਸਰਕਾਰ, ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਨੋਟੀਫਿਕੇਸ਼ਨ ਮਿਤੀ 08/05/2020 ਮੁਤਾਬਿਕ ਜੇਕਰ ਕਿਸੇ ਅਸਾਮੀ ਵਿਰੁੱਧ ਸਾਬਕਾ ਫੌਜ਼ੀ ਖੁਦ ਜਾਂ ਸਾਬਕਾ ਫੌਜ਼ੀ ਆਸ਼ਰਿਤ ਉਮੀਦਵਾਰ ਉਪਲੱਬਧ ਨਹੀਂ ਹੁੰਦਾ ਤਾਂ ਇਹ ਅਸਾਮੀ ਹੇਠ ਲਿਖੇ ਨਿਯਮ ਅਨੁਸਾਰ ਭਰੀ ਜਾਵੇਗੀ:-

In the Punjab Recruitment of Ex-Servicemen Rules, 1982, in rule 4, in sub-rule (1), for the existing third proviso, the following proviso shall be substituted, namely:-

"Provided further that when an ex-serviceman is not available for recruitment against a reserved vacancy and further no wife or dependent child of an Ex-serviceman is available for recruitment against a reserved vacancy, such shall be reserved to be filled in by recruitment of the grand child of a Gallantry Award Winner, in case the benefit of reservation has not been availed of by any of the children or dependents of such winner or by the winner himself subject to the conditions specified in the second provision."

10. **ਚੋਣ ਵਿਧੀ/ਪ੍ਰੀਖਿਆ ਸੰਬੰਧੀ ਜਾਣਕਾਰੀ**:-

1. ਪ੍ਰਕਾਸ਼ਿਤ ਕੀਤੀਆਂ ਅਸਾਮੀਆਂ ਲਈ ਸਫਲਤਾਪੂਰਵਕ ਅਪਲਾਈ ਕਰਨ ਵਾਲੇ ਉਮੀਦਵਾਰਾਂ ਦੀ Objective Type {Multiple Choice Question(MCQ)} ਲਿਖਤੀ ਪ੍ਰੀਖਿਆ ਲਈ ਜਾਏਗੀ।

2. ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਮਿਤੀ 28.10.2022 ਰਾਹੀਂ ਜਾਰੀ ਹਦਾਇਤਾਂ ਅਨੁਸਾਰ ਉਮੀਦਵਾਰਾਂ ਨੂੰ ਦਸਵੀਂ ਪੱਧਰ ਦੇ ਪੰਜਾਬੀ ਵਿਸ਼ੇ ਦੀ ਅਧੀਨ ਸੇਵਾਵਾਂ ਚੋਣ ਬੋਰਡ ਵੱਲੋਂ ਲਈ ਜਾਣ ਵਾਲੀ ਲਿਖਤੀ ਪ੍ਰੀਖਿਆ ਵਿੱਚੋਂ 50% ਅੰਕ ਪ੍ਰਾਪਤ ਕਰਨੇ ਲਾਜ਼ਮੀ ਹਨ। ਇਹ ਪ੍ਰੀਖਿਆ qualifying nature ਦੀ ਹੋਵੇਗੀ।

3. ਲਿਖਤੀ ਪ੍ਰੀਖਿਆ ਵਿੱਚ ਜੇਕਰ ਮੈਰਿਟ ਦੀ ਬਰਾਬਰਤਾ ਸੰਬੰਧੀ ਕੋਈ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਇਸ ਸਬੰਧੀ ਬਰਾਬਰ ਅੰਕ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਨੂੰ ਵਿਚਾਰਿਆ ਜਾਵੇਗਾ ਅਤੇ ਵੱਧ ਉਮਰ ਵਾਲੇ

ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ। ਜੇਕਰ ਬਰਾਬਰ ਮੈਰਿਟ ਹਾਸਿਲ ਉਮੀਦਵਾਰਾਂ ਦੀ ਜਨਮ ਮਿਤੀ ਮੁਤਾਬਿਕ ਉਮਰ ਵਿੱਚ ਵੀ ਬਰਾਬਰਤਾ ਪਾਈ ਜਾਂਦੀ ਹੈ ਤਾਂ ਇਸ ਸਬੰਧੀ ਉਮੀਦਵਾਰ ਦੀ ਮੰਗੀ ਵਿੱਦਿਅਕ ਯੋਗਤਾ ਦੀ ਪ੍ਰਤੀਸ਼ਤਤਾ ਨੂੰ ਵਿਚਾਰਦੇ ਹੋਏ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ ਅਤੇ ਜੇਕਰ ਉਪਰੋਕਤ ਦੋਵੇਂ ਸਥਿਤੀਆਂ ਵਿੱਚ ਵੀ ਅੰਕਾਂ ਦੀ ਬਰਾਬਰਤਾ ਦਾ ਵਿਵਾਦ ਨਹੀਂ ਸੁਲਝਦਾ ਹੈ ਤਾਂ ਅੰਤ ਵਿੱਚ ਮੈਟ੍ਰਿਕ ਦੇ ਅੰਕਾਂ ਨੂੰ ਵਿਚਾਰਦੇ ਹੋਏ ਮੈਟ੍ਰਿਕ ਵਿਚ ਵੱਧ ਅੰਕ ਹਾਸਿਲ ਕਰਨ ਵਾਲੇ ਉਮੀਦਵਾਰ ਦੀ ਮੈਰਿਟ ਉੱਪਰ ਮੰਨੀ ਜਾਵੇਗੀ।

4. ਲਿਖਤੀ ਪ੍ਰੀਖਿਆ ਲਈ ਰੋਲ ਨੰਬਰ, ਸਿਲੇਬਸ ਅਤੇ ਹੋਰ ਜਾਣਕਾਰੀ ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਸਮੇਂ-ਸਮੇਂ ਤੇ ਜਾਰੀ ਕੀਤੀ ਜਾਵੇਗੀ। ਇਸ ਲਈ ਉਮੀਦਵਾਰ ਸਮੇਂ ਸਮੇਂ ਤੇ ਬੋਰਡ ਦੀ ਵੈੱਬਸਾਈਟ ਚੈੱਕ ਕਰਦੇ ਰਹਿਣਗੇ। ਕਿਸੇ ਵੀ ਉਮੀਦਵਾਰ ਨਾਲ ਵਿਅਕਤੀਗਤ ਤੌਰ ਤੇ ਪੱਤਰ ਵਿਹਾਰ ਨਹੀਂ ਕੀਤਾ ਜਾਵੇਗਾ, ਜੇਕਰ ਕੋਈ ਉਮੀਦਵਾਰ ਵੈੱਬਸਾਈਟ ਚੈੱਕ ਨਹੀਂ ਕਰਦਾ ਤਾਂ ਬਾਅਦ ਵਿੱਚ ਉਸਦਾ ਕੋਈ ਕਲੇਮ ਮੰਨਣਯੋਗ ਨਹੀਂ ਹੋਵੇਗਾ।

**11. ਅਪਲਾਈ ਕਰਨ ਦੀ ਵਿਧੀ**:

(I) ਉਮੀਦਵਾਰ ਬੋਰਡ ਦੀ ਵੈਬਸਾਈਟ https://sssb.punjab.gov.in ਤੇ "Online Applications" ਅਧੀਨ ਮੁਹੱਈਆ ਲਿੰਕ ਤੇ ਕਲਿਕ ਕਰਕੇ ਮਿਤੀ 30**-07-2025 ਤੋਂ 24-08-2025** ਤੱਕ ਕੇਵਲ ਆਨਲਾਈਨ ਹੀ ਅਪਲਾਈ ਕਰ ਸਕਦੇ ਹਨ। ਹੋਰ ਕਿਸੇ ਵੀ ਵਿਧੀ ਰਾਹੀਂ ਪ੍ਰਾਪਤ ਐਪਲੀਕੇਸ਼ਨ ਸਵੀਕਾਰ ਨਹੀਂ ਕੀਤੀ ਜਾਵੇਗੀ ਅਤੇ ਰੱਦ ਸਮਝੀ ਜਾਵੇਗੀ।

(II) ਆਨਲਾਈਨ ਅਪਲਾਈ ਕਰਨ ਦੀਆਂ ਹਦਾਇਤਾਂ (procedure) ਬੋਰਡ ਦੀ ਵੈਬਸਾਈਟ ਤੇ ਮੌਜੂਦ ਇਸ ਭਰਤੀ ਦੇ ਲਿੰਕ ਹੇਠ ਟਾਈਟਲ "Instructions for applying online" ਹੇਠ ਦਰਜ਼ ਹਨ। ਉਮੀਦਵਾਰ ਇਸ ਲਿੰਕ ਤੇ ਕਲਿਕ ਕਰਨ ਉਪਰੰਤ ਇੰਨ੍ਹਾਂ ਹਦਾਇਤਾਂ ਨੂੰ ਧਿਆਨ ਨਾਲ ਪੜ੍ਹ ਕੇ ਹੀ ਹਰ ਇੱਕ Step ਨੂੰ ਸਫਲਤਾਪੂਰਵਕ ਮੁਕੰਮਲ ਕਰਨ।

(III) ਉਮੀਦਵਾਰ ਬੋਰਡ ਦੀ ਵੈਬਸਾਈਟ ਤੇ ਮੌਜੂਦ ਭਰਤੀ ਦੇ ਲਿੰਕ ਤੇ ਕਲਿਕ ਕਰਕੇ ਸਭ ਤੋਂ ਪਹਿਲਾਂ ਨਿੱਜੀ ਡਿਟੇਲ ਭਰਕੇ ਰਜਿਸਟਰੇਸ਼ਨ ਕਰਨਗੇ। ਰਜਿਸਟਰੇਸ਼ਨ ਸਫਲ ਹੋਣ ਉਪਰੰਤ Username ਅਤੇ Password Generate ਹੋ ਜਾਏਗਾ, ਜਿਸਦੀ ਵਰਤੋਂ ਕਰਕੇ ਉਮੀਦਵਾਰ ਫਿਰ ਤੋਂ Login ਕਰਕੇ Step-wise ਹਰ ਪੱਖੋਂ ਮੁੰਕਮਲ Application Form ਭਰਨਗੇ ਅਤੇ ਇਸਨੂੰ Submit ਕਰਨਗੇ। ਪ੍ਰੰਤੂ ਇਹ Application Form ਫੀਸ ਦੀ ਸਫਲਤਾਪੂਰਵਕ ਅਦਾਇਗੀ ਹੋਣ ਉਪਰੰਤ ਹੀ ਸਵੀਕਾਰ ਕੀਤਾ ਜਾਵੇਗਾ।

(IV) ਉਮੀਦਵਾਰ Online Application Form ਭਰਨ ਸਮੇਂ ਆਪਣੀ ਪਾਸਪੋਰਟ ਸਾਈਜ਼ ਫੋਟੋਗਰਾਫ, ਹਸਤਾਖਰ ਅਤੇ ਲੋੜੀਂਦੇ ਵਿਦਿਅਕ ਯੋਗਤਾ ਜਿਵੇਂ ਕਿ ਮੈਟਰਿਕ ਦਾ ਜਨਮ ਮਿਤੀ ਵਾਲਾ ਸਰਟੀਫਿਕੇਟ, ਕੰਪਿਊਟਰ ਯੋਗਤਾ ਅਤੇ ਕੈਟਾਗਰੀ ਆਦਿ ਨਾਲ ਸਬੰਧਤ ਸਰਟੀਫਿਕੇਟ ਸਕੈਨ ਕਰਕੇ ਅਪਲੋਡ ਕਰਨਗੇ। ਇੰਨ੍ਹਾਂ ਦਸਤਾਵੇਜਾਂ ਦੇ ਅਪਲੋਡ ਹੋਣ ਅਤੇ ਮੁਕੰਮਲ Online Application -- Form Submit ਹੋਣ ਉਪਰੰਤ ਹੀ ਫੀਸ ਜਮ੍ਹਾ/ਅਦਾ ਕੀਤੀ ਜਾ ਸਕੇਗੀ।

(V) ਅਪਲਾਈ ਕਰਨ ਦੀ ਲੋੜੀਂਦੀ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ **26.08.2025** ਹੋਵੇਗੀ। ਫੀਸ ਭਰਨ ਲਈ ਉਮੀਦਵਾਰ ਨੂੰ ਰਜਿਸਟਰੇਸ਼ਨ ਕਰਵਾਉਣ ਉਪਰੰਤ Login ਕਰਨਗੇ। Login ਕਰਨ ਉਪਰੰਤ ਉਮੀਦਵਾਰ "Proceed to Fee Payment" ਤੇ ਕਲਿਕ ਕਰਕੇ ਅਪਣੀ ਫੀਸ ਪੇ ਕਰਨਗੇ।

(VI) ਉਮੀਦਵਾਰ Online Application Submit ਕਰਨ ਉਪਰੰਤ ਫੀਸ ਦਾ ਭੁਗਤਾਨ ਕਰ ਸਕਣਗੇ। ਉਮੀਦਵਾਰ Online Application Form Submit/ਜਮ੍ਹਾਂ ਹੋਣ ਦੀ ਮਿਤੀ ਤੋਂ 2 ਦਿਨ ਬਾਅਦ ਫੀਸ ਅਦਾ ਕਰਨ ਦੀ ਆਖਰੀ **ਮਿਤੀ 26.08.2025**, ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਟੇਟ ਬੈਂਕ ਆਫ ਇੰਡੀਆ (State Bank of India) ਦੀ ਕਿਸੇ ਵੀ ਸ਼ਾਖਾ ਵਿੱਚ ਚਲਾਨ ਰਾਹੀਂ ਜਾਂ Net Banking ਜਾਂ Credit Card ਜਾਂ Debit Card ਜਾਂ UPI ਰਾਹੀਂ ਫੀਸ ਜਮ੍ਹਾ ਕਰਵਾ ਸਕਣਗੇ। ਕਿਸੇ ਕਾਰਨ ਫੀਸ ਜਮਾਂ ਨਾ ਹੋਣ ਦੀ ਸੂਰਤ ਵਿੱਚ ਬੋਰਡ ਦੀ ਕੋਈ ਜ਼ੁੰਮੇਵਾਰੀ ਨਹੀਂ ਹੋਵੇਗੀ।

(VII) ਉਮੀਦਵਾਰ ਦੁਆਰਾ ਲੋੜੀਂਦੀ ਫੀਸ ਜਮ੍ਹਾ ਕਰਵਾਉਣ ਉਪਰੰਤ ਹੀ Online ਅਪਲਾਈ ਕਰਨ ਦੀ ਪ੍ਰਕਿਰਿਆ ਮੁਕੰਮਲ ਹੋ ਸਕੇਗੀ ਅਤੇ Online Application Form ਸਵੀਕਾਰ ਕੀਤਾ ਜਾਵੇਗਾ। ਇਸ ਉਪਰੰਤ ਹੀ ਫੀਸ ਅਦਾ ਕਰਨ ਦੀ ਮਿਤੀ ਤੋਂ ਬਾਅਦ ਦੋ ਦਿਨ ਛੱਡ ਕੇ ਅਗਲੀ ਮਿਤੀ ਤੋਂ Online Application Form Generate/Download ਹੋ ਸਕੇਗਾ। ਉਮੀਦਵਾਰ ਇਸ ਫਾਰਮ ਦਾ ਪ੍ਰਿੰਟ ਲੈ ਕੇ ਭਵਿੱਖ ਲਈ ਸੰਭਾਲ ਕੇ ਰੱਖਣ ਲਈ ਜਿੰਮੇਵਾਰ ਹੋਣਗੇ।

(VIII) ਜੇਕਰ ਉਮੀਦਵਾਰ ਵੱਲੋਂ ਆਨਲਾਈਨ ਫਾਰਮ ਭਰਨ ਸਮੇਂ ਕੋਈ ਗਲਤੀ ਹੋ ਜਾਂਦੀ ਹੈ ਤਾਂ ਸਿਰਫ Application form online submit ਕਰਨ ਤੋਂ ਪਹਿਲਾਂ ਹੀ ਉਸ ਪਾਸ ਫਾਰਮ ਵਿੱਚ ਸੋਧ ਕਰਨ ਦਾ ਮੌਕਾ ਹੋਵੇਗਾ। ਉਮੀਦਵਾਰ ਦੁਆਰਾ ਇੱਕ ਵਾਰ Application Form ਸਬਮਿਟ ਕਰਨ ਉਪਰੰਤ ਕਿਸੇ ਵੀ ਹਾਲਤ ਵਿੱਚ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਸੋਧ ਨਹੀਂ ਕੀਤੀ ਜਾ ਸਕੇਗੀ ਅਤੇ ਨਾ ਹੀ ਭਵਿੱਖ ਵਿੱਚ ਸੋਧ ਕਰਨ ਸਬੰਧੀ ਉਮੀਦਵਾਰ ਦੀ ਕੋਈ ਪ੍ਰਤੀਬੇਨਤੀ/ਮੰਗ ਦਫਤਰ ਵੱਲੋਂ ਸਵੀਕਾਰ ਕੀਤੀ ਜਾਏਗੀ।

(IX) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ ਅਤੇ ਫੀਸ ਦਾ ਭੁਗਤਾਨ ਨਾ ਕਰਨ ਦੀ ਹਾਲਤ ਵਿੱਚ ਉਸਦਾ Application Form ਅਧੂਰਾ ਸਮਝਦੇ ਹੋਏ ਸਵੀਕਾਰ ਨਹੀਂ ਕੀਤਾ ਜਾਏਗਾ ਅਤੇ ਉਸਦੀ ਅਰਜੀ/ਪਾਤਰਤਾ ਮੁੱਢ ਤੋਂ ਹੀ ਰੱਦ ਸਮਝੀ ਜਾਵੇਗੀ।

(X) ਕਿਸੇ ਹੋਰ ਵਿਧੀ ਰਾਹੀਂ ਭੇਜੀ ਗਈ ਅਰਜੀ ਜਾਂ ਕਿਸੇ ਹੋਰ ਵਿਧੀ ਰਾਹੀਂ ਜਮ੍ਹਾਂ ਕਰਵਾਈ ਗਈ ਫੀਸ ਨੂੰ ਵੈਲਿਡ (valid) ਨਹੀਂ ਮੰਨਿਆ ਜਾਵੇਗਾ ਅਤੇ ਅਜਿਹੀ ਅਰਜੀ ਨੂੰ ਸਵੀਕਾਰ ਨਾ ਕਰਦੇ ਹੋਏ ਰੱਦ ਕਰ ਦਿੱਤਾ ਜਾਏਗਾ।

(XI) Challan/Net Banking/Credit Card/Debit Card ਰਾਹੀਂ ਅਦਾ ਕੀਤੀ ਗਈ ਫੀਸ ਦੀ Transaction ਕਿਸੇ ਵੀ ਕਾਰਨ ਕਰਕੇ ਅਸਫਲ ਹੋਣ ਦੀ ਸਥਿਤੀ ਵਿੱਚ ਉਮੀਦਵਾਰ ਦੀ Application ਜਮ੍ਹਾਂ ਨਹੀਂ ਹੋਈ ਮੰਨੀ ਜਾਵੇਗੀ ਅਤੇ ਇੱਕ ਵਾਰ ਅਦਾ ਕੀਤੀ ਫੀਸ ਨਾ-ਮੋੜਨਯੋਗ ਹੋਵੇਗੀ।

**12. ਉਮੀਦਵਾਰ ਨੂੰ ਅਯੋਗ ਕਰਾਰ ਦੇਣ ਜਾਂ ਪਾਤਰਤਾ ਰੱਦ ਕਰਨ ਦੀਆਂ ਸ਼ਰਤਾਂ:**

ਹੇਠ ਲਿਖੀ ਕਿਸੇ ਵੀ ਸਥਿਤੀ ਵਿੱਚ ਉਮੀਦਵਾਰ ਨੂੰ ਅਯੋਗ ਕਰਾਰ ਦਿੰਦੇ ਹੋਏ ਉਸਦੀ ਪਾਤਰਤਾ ਰੱਦ ਕਰ ਦਿੱਤੀ ਜਾਏਗੀ:

(I) ਪੂਰੀ ਫੀਸ ਪ੍ਰਾਪਤ ਨਾ ਹੋਣਾ ਜਾਂ ਨਿਰਧਾਰਤ ਵਿਧੀ ਅਨੁਸਾਰ ਫੀਸ ਜਮ੍ਹਾਂ ਨਾ ਕਰਵਾਉਣਾ,

(II) ਬਿਨੈ-ਪੱਤਰ ਵਿੱਚ ਅਧੂਰੀ ਜਾਂ ਗਲਤ ਸੂਚਨਾ ਭਰਨਾ,

(III) ਆਨਲਾਈਨ ਅਪਲਾਈ ਕਰਨ ਦੀ ਪੂਰੀ ਪ੍ਰਕੀਰਿਆ ਮੁਕੰਮਲ ਨਾ ਕਰਨਾ,

(IV) ਅਧੀਨ ਸੇਵਾਵਾਂ ਚੋਣ ਬੋਰਡ ਜਾਂ ਕਿਸੇ ਹੋਰ ਸੰਸਥਾ ਵੱਲੋਂ ਅਯੋਗ ਕਰਾਰ ਦਿੱਤਾ ਹੋਣਾ,

(V) ਵਿੱਦਿਅਕ ਯੋਗਤਾ, ਉਮਰ, ਰਾਖਵਾਂਕਰਨ ਜਾਂ ਭਰਤੀ ਦੀਆਂ ਹੋਰ ਸ਼ਰਤਾਂ ਪੂਰੀਆਂ ਨਾ ਹੋਣਾ,

(VI) ਬੋਰਡ ਦੀ ਵੈੱਬਸਾਈਟ https://sssb.punjab.gov.in ਤੇ ਆਨਲਾਈਨ ਅਪਲਾਈ ਕਰਨ ਦੀ ਪ੍ਰਕੀਰਿਆ ਦੀ ਥਾਂ ਕਿਸੇ ਹੋਰ ਪ੍ਰਕੀਰਿਆ ਰਾਹੀਂ ਅਪਲਾਈ ਕਰਨਾ।

(VII) ਜੇਕਰ ਕੋਈ ਉਮੀਦਵਾਰ ਉਕਤ ਅਸਾਮੀਆਂ ਲਈ ਅਜਿਹੀ ਸ਼੍ਰੇਣੀ/ਕੋਡ ਦੇ ਵਿਰੁੱਧ ਅਪਲਾਈ ਕਰਦਾ ਹੈ, ਜਿਸ ਕੈਟਾਗਰੀ ਦੀ ਕੋਈ ਅਸਾਮੀ ਇਸ਼ਤਿਹਾਰ ਵਿੱਚ ਸ਼ਾਮਿਲ ਨਾ ਕੀਤੀ ਹੋਵੇ।

(VIII) ਕੇਂਦਰ/ ਰਾਜ ਸਰਕਾਰ ਅਧੀਨ ਕੰਮ ਕਰਦੇ ਉਮੀਦਵਾਰ ਦੀ ਯੋਗ ਪ੍ਰਣਾਲੀ ਰਾਹੀਂ ਅਰਜ਼ੀ ਪ੍ਰਾਪਤ ਨਾ ਹੋਣਾ।

**13. ਬਿਨੈਕਾਰਾਂ ਦੇ ਧਿਆਨ ਹਿੱਤ ਅਤਿ ਜ਼ਰੂਰੀ ਹਦਾਇਤਾਂ:**

(1) ਉਮੀਦਵਾਰ ਕੈਟਾਗਰੀ ਅਤੇ ਕੈਟਾਗਰੀ ਕੋਡ ਦਾ ਧਿਆਨ ਰੱਖਦੇ ਹੋਏ ਆਨਲਾਈਨ ਫਾਰਮ ਭਰਨ ਕਿਉਂਕਿ ਫਾਰਮ ਭਰਨ ਉਪਰੰਤ ਕਿਸੇ ਵੀ ਸਟੇਜ ਤੇ ਕੈਟਾਗਰੀ ਅਤੇ ਕੈਟਾਗਰੀ ਕੋਡ ਤਬਦੀਲ ਨਹੀਂ ਕੀਤਾ ਜਾ ਸਕੇਗਾ।

(2) ਆਨਲਾਈਨ ਫਾਰਮ ਭਰਨ ਸਮੇਂ ਹੋਈ ਕਿਸੇ ਵੀ ਗਲਤੀ ਲਈ ਉਮੀਦਵਾਰ ਖੁਦ ਜਿੰਮੇਵਾਰ ਹੋਵੇਗਾ। ਉਮੀਦਵਾਰ ਵੱਲੋਂ ਇੱਕ ਵਾਰ ਸਬਮਿਟ ਕੀਤਾ ਗਿਆ ਡਾਟਾ ਕਿਸੇ ਵੀ ਹਾਲਤ ਵਿੱਚ ਬਦਲਣ ਦੀ ਆਗਿਆ ਨਹੀਂ ਹੋਵੇਗੀ।

(3) ਉਮੀਦਵਾਰਾਂ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇੰਨ੍ਹਾਂ ਅਸਾਮੀਆਂ ਲਈ ਖੁਦ ਆਨਲਾਈਨ ਅਪਲਾਈ ਕਰਨ। ਉਮੀਦਵਾਰ ਫਾਰਮ ਭਰਨ ਲਈ ਕਿਸੇ ਹੋਰ ਵਿਅਕਤੀ/ਸਾਈਬਰ ਕੈਫੇ ਅਟੈਂਡੈਂਟ ਦੀ ਮੱਦਦ ਨਾ ਲਵੇ। ਜੇਕਰ ਫਾਰਮ ਭਰਨ ਵਿੱਚ ਕੋਈ ਗਲਤੀ ਹੋ ਜਾਂਦੀ ਹੈ ਤਾਂ ਫਾਰਮ ਵਿੱਚ ਕੋਈ ਸੋਧ ਨਹੀਂ ਕੀਤੀ ਜਾਵੇਗੀ।

(4) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰ ਲੋੜੀਂਦੇ ਸਰਟੀਫਿਕੇਟ PDF ਫਾਰਮੈਂਟ ਵਿੱਚ ਇੱਕ ਹੀ ਫਾਇਲ ਵਿੱਚ ਸਕੈਨ ਕਰਕੇ ਨਾਲ ਹੀ ਅਪਲੋਡ ਕਰਨਗੇ।

(5) ਉਮੀਦਵਾਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਭਰਤੀ ਸਬੰਧੀ ਹਰ ਤਰ੍ਹਾਂ ਦੀ ਜਾਣਕਾਰੀ ਜਿਵੇਂ ਕਿ ਪ੍ਰੀਖਿਆ ਦੀ ਮਿਤੀ/ਸ਼ਡਿਊਲ, Admit Card, ਪ੍ਰੀਖਿਆ ਕੇਂਦਰ ਦੀ ਜਾਣਕਾਰੀ, ਨਤੀਜਾ, ਮੈਰਿਟ ਸੂਚੀ ਜਾਂ ਭਰਤੀ ਪ੍ਰਕੀਰਿਆ ਸਬੰਧੀ ਭਵਿੱਖ ਵਿੱਚ ਸਮੇਂ-ਸਮੇਂ ਤੇ ਜਾਰੀ ਹੋਣ ਵਾਲੀ ਹੋਰ ਜਾਣਕਾਰੀ/ਨੋਟਿਸ/ਤਬਦੀਲੀ ਸਿਰਫ ਬੋਰਡ ਦੀ ਵੈੱਬਸਾਈਟ ਤੇ ਹੀ ਅਪਲੋਡ (upload) ਕੀਤੀ ਜਾਏਗੀ। **ਇਸ ਸਬੰਧੀ ਉਮੀਦਵਾਰਾਂ ਨੂੰ ਵੱਖਰੇ ਅਤੇ ਵਿਅਕਤੀਗਤ ਤੌਰ ਤੇ ਕੋਈ ਸੂਚਨਾ ਨਹੀਂ ਭੇਜੀ ਜਾਏਗੀ।** ਸੋ ਜਦ ਤੱਕ ਭਰਤੀ ਪ੍ਰਕਿਰਿਆ ਮੁੰਕਮਲ ਨਹੀਂ ਹੋ ਜਾਂਦੀ ਤਦ ਤੱਕ ਉਮੀਦਵਾਰਾਂ ਨੂੰ Latest updates ਲਈ ਬੋਰਡ ਦੀ ਵੈੱਬਸਾਈਟ ਤੇ ਲਾਜ਼ਮੀ ਤੌਰ ਤੇ ਚੈੱਕ ਕਰਦੇ ਰਹਿਣਾ ਹੋਵੇਗਾ। ਅਜਿਹਾ ਨਾ ਕਰਨ ਦੀ ਸਥਿਤੀ ਵਿੱਚ ਉਮੀਦਵਾਰ ਨੂੰ ਹੋਣ ਵਾਲੇ ਕਿਸੇ ਵੀ ਨੁਕਸਾਨ ਦੀ ਜਿੰਮੇਵਾਰੀ ਅਧੀਨ ਸੇਵਾਵਾਂ ਚੋਣ ਬੋਰਡ ਦੀ ਨਹੀਂ ਹੋਵੇਗੀ ਅਤੇ ਨਾ ਹੀ ਇਸ ਸਬੰਧੀ ਕੋਈ ਸੁਣਵਾਈ ਦਾ ਮੌਕਾ ਦਿੱਤਾ ਜਾਏਗਾ।

(6) ਉਮੀਦਵਾਰ ਕਾਉਂਸਲਿੰਗ ਸਮੇਂ ਲੋੜੀਂਦੀ ਵਿੱਦਿਅਕ ਯੋਗਤਾ, ਤਕਨੀਕੀ ਯੋਗਤਾ ਅਤੇ ਰਾਖਵਾਂਕਰਨ ਨਾਲ ਸਬੰਧਤ ਆਪਣੇ ਅਸਲ ਸਰਟੀਫਿਕੇਟ ਅਤੇ ਉਨ੍ਹਾਂ ਦੀਆਂ ਤਸਦੀਕਸ਼ੁਦਾ ਕਾਪੀਆਂ ਪੇਸ਼ ਕਰਨਗੇ।

(7) ਲਿਖਤੀ ਪ੍ਰੀਖਿਆ ਅਤੇ ਕਾਉਂਸਲਿੰਗ ਲਈ ਆਉਣ ਵਾਲੇ ਉਮੀਦਵਾਰਾਂ ਨੂੰ ਕੋਈ ਟੀ.ਏ./ਡੀ.ਏ. ਅਦਾ ਨਹੀਂ ਕੀਤਾ ਜਾਵੇਗਾ।

(8) ਇਸ ਭਰਤੀ ਸਬੰਧੀ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਦਫ਼ਤਰੀ ਸਮੇਂ ਦੌਰਾਨ ਬੋਰਡ ਦੇ ਦਫਤਰੀ ਫੋਨ ਨੰ: 0172-2298000 (ਐਕਸਟੈਂਸਨ 5106 ਅਤੇ 5107), 0172-2298083, ਹੈਲਪਲਾਈਨ ਨੰਬਰ 9646932955, 9041799018 ਤੇ ਅਤੇ ਈਮੇਲ ਆਈ.ਡੀ. helpsssb.pb@gmail.com ਤੇ ਸੰਪਰਕ ਕੀਤਾ ਜਾ ਸਕਦਾ ਹੈ।

(9) ਇਸ ਇਸ਼ਤਿਹਾਰ/ਭਰਤੀ ਸਬੰਧੀ ਜੇਕਰ ਕੋਈ ਤਰੁੱਟੀ ਧਿਆਨ ਵਿੱਚ ਆਉਂਦੀ ਹੈ ਤਾਂ ਉਸ ਨੂੰ ਸੁਧਾਰਨ ਦਾ ਹੱਕ ਬੋਰਡ ਕੋਲ ਰਾਖਵਾਂ ਹੋਵੇਗਾ।

**ਸਹੀ**/-

**ਸਹਾਇਕ ਡਾਇਰੈਕਟਰ**
**ਅਧੀਨ ਸੇਵਾਵਾਂ ਚੋਣ ਬੋਰਡ**, **ਪੰਜਾਬ**

**ਸਥਾਨ**: **ਐਸ.ਏ.ਐਸ. ਨਗਰ**
**ਮਿਤੀ**:28**.07.2025**